8-Dec-HSP-Pages.qxd 12/8/2024 11:03 PM Page 2



## ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ

**ਰੇਡੀਓ**

ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ **9 ਦਸੰਬਰ** ਨੂੰ ਸ਼ਾਮ 4.00 ਤੋਂ 6.00 ਵਜੇ ਤੱਕ **ਭਾਈ ਸ਼ੌਕੀਨ ਸਿੰਘ ਅਤੇ 10 ਦਸੰਬਰ** ਨੂੰ ਸਵੇਰੇ 4.00 ਤੋਂ 6.00 ਵਜੇ ਤੱਕ **ਭਾਈ ਦਵਿੰਦਰ ਸਿੰਘ** 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

**ਪੀ. ਟੀ. ਸੀ.**

ਪੀ. ਟੀ. ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ 9 **ਦਸੰਬਰ** ਨੂੰ ਸ਼ਾਮ 4.30 ਤੋਂ 6.30 ਵਜੇ ਤੱਕ **ਭਾਈ ਸ਼ੌਕੀਨ ਸਿੰਘ** ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' **ਭਾਈ ਸਾਹਿਬ ਸਿੰਘ** ਤੇ **10 ਦਸੰਬਰ** ਨੂੰ ਸਵੇਰੇ 4.00 ਵਜੇ ਤੋਂ 7.45 ਵਜੇ ਤੱਕ **ਭਾਈ ਦਵਿੰਦਰ ਸਿੰਘ** ਅਤੇ **ਭਾਈ ਗੁਰਸੇਵਕ ਸਿੰਘ** ਕੀਰਤਨ ਕਰਨਗੇ।

**ਐਸ. ਜੀ. ਪੀ. ਸੀ. ਵੈੱਬ ਚੈਨਲ 'ਤੇ ਸਵੇਰੇ 4.00 ਵਜੇ ਤੋਂ 8.30 ਵਜੇ ਤੱਕ, ਦੁਪਹਿਰ 12.30 ਵਜੇ ਤੋਂ 2.20 ਵਜੇ ਤੱਕ ਅਤੇ ਸ਼ਾਮ 5.30 ਵਜੇ ਤੋਂ 7.30 ਵਜੇ ਤੱਕ ਸਿੱਧਾ ਪ੍ਰਸਾਰਨ ਹੁੰਦਾ ਹੈ। ਐਸ. ਜੀ. ਪੀ. ਸੀ. ਦੇ ਮੋਬਾਈਲ ਐਪ ਤੋਂ ਅੰਮ੍ਰਿਤ ਵੇਲੇ ਤੋਂ ਸੁਖ ਆਸਨ ਤੱਕ ਦਾ ਪੂਰਾ ਸਮਾਗਮ ਸੁਣਿਆ ਜਾ ਸਕਦਾ ਹੈ।**

ਮੁੱਖ ਵਾਕ ਦੀ ਕਥਾ : 9 ਦਸੰਬਰ ਨੂੰ ਸਿੰਘ ਸਾਹਿਬ ਗਿਆਨੀ ਹਰਪ੍ਰੀਤ ਸਿੰਘ ਜਥੇਦਾਰ ਤਖ਼ਤ ਸ੍ਰੀ ਦਮਦਮਾ ਸਾਹਿਬ ਤੇ 10 ਦਸੰਬਰ ਨੂੰ ਗਿਆਨੀ ਗੁਰਲਾਲ ਸਿੰਘ ਮੀਰਾਂਕੋਟ, ਗੁ: ਮੰਜੀ ਸਾਹਿਬ ਦੀਵਾਨ ਹਾਲ, ਸ੍ਰੀ ਹਰਿਮੰਦਰ ਸਾਹਿਬ ਸਮੂਹ ਵਿਖੇ ਸਵੇਰੇ 7.45 ਵਜੇ ਤੋਂ 8.30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।

# ਦੇਸ਼ ਦੀ ਉੱਨਤੀ ਤੇ ਤਰੱਕੀ ਦਾਨੀ ਸੱਜਣਾਂ ਨਾਲ ਹੀ ਸੰਭਵ - ਢੱਟ

ਦਸੂਹਾ, 8 ਦਸੰਬਰ (ਭੁੱਲਰ)- ਦੇਸ਼ ਦੀ ਉੱਨਤੀ ਤੇ ਤਰੱਕੀ ਦਾਨੀ ਸੱਜਣਾਂ ਨਾਲ ਹੀ ਸੰਭਵ ਹੈ। ਇਸ ਗੱਲ ਦਾ ਪ੍ਰਗਟਾਵਾ ਸ਼ਹੀਦੇ ਆਜ਼ਮ ਸ਼ਹੀਦ ਭਗਤ ਸਿੰਘ ਦੇ ਨਜ਼ਦੀਕੀ ਰਿਸ਼ਤੇਦਾਰ ਹਰਭਜਨ ਸਿੰਘ ਢੱਟ ਚੇਅਰਮੈਨ ਆਲ ਪਰਪਸ ਚੈਰੀਟੇਬਲ ਟਰੱਸਟ ਨੇ ਸਾਬਕਾ ਡਿਪਟੀ ਡਾਇਰੈਕਟਰ ਸੈਨਿਕ ਵੈੱਲਫੇਅਰ ਮਨਮੋਹਨ ਸਿੰਘ ਵਲੋਂ ਪਿੰਡ ਅੰਬਾਲਾ ਜੱਟਾ ਵਿਖੇ ਨਵੀਂ ਬਣਾਈ ਜਾ ਰਹੀ ਵਾਟਰ ਸਪਲਾਈ ਲਈ 70 ਮਰਲੇ ਜ਼ਮੀਨ ਦਾਨ ਕਰਨ ਉਪਰੰਤ ਸ਼ਲਾਘਾ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਬਾਕੀ ਵੀ ਸਵੈ ਸੇਵੀ ਸੰਸਥਾਵਾਂ ਨੂੰ ਅਜਿਹੇ ਸਮਾਜ ਸੇਵੀ ਕਾਰਜਾਂ ਲਈ ਅੱਗੇ ਆਉਣਾ ਚਾਹੀਦਾ ਹੈ ਤਾਂ ਜੋ ਪਿੰਡਾਂ ਦੀ ਕਾਇਆਕਲਪ ਹੋ ਸਕੇ। ਉਨ੍ਹਾਂ ਦੱਸਿਆ ਕਿ ਵਿਧਾਇਕ ਜਸਬੀਰ ਸਿੰਘ ਰਾਜਾ ਵੱਲੋਂ ਪਿੰਡ ਅੰਬਾਲਾ ਜੱਟਾਂ ਵਿਖੇ 1 ਕਰੋੜ ਰੁਪਏ ਦੀ ਲਾਗਤ ਨਾਲ ਵਾਟਰ ਸਪਲਾਈ ਬਣਾਈ ਜਾ ਰਹੀ ਹੈ ਜੋ ਕਿ ਸ਼ਲਾਘਾ ਯੋਗ ਕਦਮ ਹੈ। ਜਿਸ ਨਾਲ ਪਿੰਡ ਵਾਸੀਆਂ ਨੂੰ ਪੀਣ ਯੋਗ ਪਾਣੀ ਦੀ ਸਹੂਲਤ ਮੁਹੱਈਆ ਹੋਵੇਗੀ। ਉਨ੍ਹਾਂ ਸਾਬਕਾ ਡਿਪਟੀ ਡਾਇਰੈਕਟਰ ਸੈਨਿਕ ਵੈੱਲਫੇਅਰ ਮਨਮੋਹਨ ਸਿੰਘ ਦਾਨੀ ਸੱਜਣ ਕੋਲੋਂ ਬਾਕੀ ਸੰਸਥਾਵਾਂ ਨੂੰ ਸੇਧ ਪ੍ਰਾਪਤ ਕਰਨ ਦੀ ਅਪੀਲ ਕੀਤੀ। ਇਸ ਮੌਕੇ ਕਰਨਲ ਮਹਿੰਦਰ ਸਿੰਘ, ਬਖਤਾਵਰ ਸਿੰਘ, ਸਾਬਕਾ ਸਰਪੰਚ ਗੁਰਦੀਪ ਸਿੰਘ, ਡਾਕਟਰ ਗੁਰਸੇਵਕ ਸਿੰਘ ਢੱਟ, ਦਮਨਪਾਲ ਸਿੰਘ ਢੱਟ, ਕਰਨੈਲ ਸਿੰਘ ਤੋਂ ਇਲਾਵਾ ਸਮੂਹ ਪੰਚਾਇਤ ਮੈਂਬਰ ਤੇ ਪਿੰਡ ਵਾਸੀ ਹਾਜ਼ਰ ਸਨ।

ਹਰਭਜਨ ਸਿੰਘ ਢੱਟ ਚੇਅਰਮੈਨ ਆਲ ਪਰਪਸ ਚੈਰੀਟੇਬਲ ਟਰੱਸਟ।

ਗੌਰਮਿੰਟ ਟੀਚਰ ਯੂਨੀਅਨ ਅਤੇ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਬਲਾਕ ਕੋਟਫ਼ਤੂਹੀ ਮੈਡਮ ਪਰਮਜੀਤ ਕੌਰ ਵਧੀਆ ਸੇਵਾਵਾਂ ਨਿਭਾਉਣ 'ਤੇ ਸਨਮਾਨਿਤ ਕਰਦੇ ਹੋਏ ਬਲਾਕ ਪ੍ਰਧਾਨ ਨਰਿੰਦਰ ਅਜਨੋਹਾ, ਸੂਰਜ ਪ੍ਰਕਾਸ਼ ਸਿੰਘ ਤੇ ਹੋਰ। ਤਸਵੀਰ. ਅਵਤਾਰ ਸਿੰਘ ਅਟਵਾਲ

# ਸੇਵਾ ਮੁਕਤੀ ਮੌਕੇ ਅਧਿਆਪਕਾ ਦਾ ਸਨਮਾਨ

ਕੋਟਫ਼ਤੂਹੀ, 8 ਦਸੰਬਰ (ਅਟਵਾਲ)-ਗੌਰਮਿੰਟ ਟੀਚਰ ਯੂਨੀਅਨ ਅਤੇ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਬਲਾਕ ਕੋਟਫ਼ਤੂਹੀ ਵਲੋਂ ਸਿੱਖਿਆ ਵਿਭਾਗ 'ਚ 30 ਸਾਲ ਵਧੀਆ ਸੇਵਾਵ ਨਿਭਾਉਣ ਉਪਰੰਤ ਸੇਵਾ ਮੁਕਤੀ ਮੌਕੇ ਪਰਮਜੀਤ ਕੌਰ ਪੰਜਾਬੀ ਮਿਸਟਰੈੱਸ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਜ਼ਿਕਰਯੋਗ ਹੈ ਕਿ ਮੈਡਮ ਪਰਮਜੀਤ ਕੌਰ ਦੇ ਪਤੀ ਸੂਰਜ ਪ੍ਰਕਾਸ਼ ਸਿੰਘ ਉੱਘੇ ਟਰੇਡ ਯੂਨੀਅਨ ਅਤੇ ਗੌਰਮਿੰਟ ਟੀਚਰ ਯੂਨੀਅਨ ਦੇ ਆਗੂ ਹੋਏ ਅਤੇ ਹੁਣ ਸੇਵਾਮੁਕਤ ਹੋਣ ਉਪਰੰਤ ਕਿਸਾਨੀ ਸੰਘਰਸ਼ਾਂ 'ਚ ਆਪਣਾ ਅਹਿਮ ਰੋਲ ਅਦਾ ਕਰ ਰਹੇ ਹਨ। ਮੈਡਮ ਪਰਮਜੀਤ ਨੇ ਆਪਣੀਆਂ ਸੇਵਾਵਾਂ ਚੱਕ ਗੁਰੂ (ਨੇੜੇ ਬਹਿਰਾਮ), ਖੈਰੜ ਅੱਛਰਵਾਲ, ਬਾੜੀਆਂ ਕਲਾਂ ਅਤੇ ਲਹਿਲੀ ਕਲਾਂ ਵਿਖੇ ਨਿਭਾਈਆਂ। ਮੈਡਮ ਪਰਮਜੀਤ ਕੌਰ ਨੂੰ ਸਨਮਾਨਿਤ ਕਰਨ ਮੌਕੇ ਬਲਾਕ ਪ੍ਰਧਾਨ ਨਰਿੰਦਰ ਅਜਨੋਹਾ ਅਤੇ ਪੈਨਸ਼ਨਰ ਆਗੂ ਜਸਵਿੰਦਰ ਸਿੰਘ ਭਾਮ ਵਲੋਂ ਵਧਾਈਆਂ ਦਿੱਤੀਆਂ ਗਈਆਂ। ਇਸ ਮੌਕੇ ਸੂਰਜ ਪ੍ਰਕਾਸ਼ ਸਿੰਘ, ਨੰਬਰਦਾਰ ਬਖ਼ਤਾਵਰ ਸਿੰਘ ਆਦਿ ਮੌਜੂਦ ਸਨ।

ਵਿਧਾਇਕ ਐਡਵੋਕੇਟ ਕਰਮਵੀਰ ਸਿੰਘ ਘੁੰਮਣ ਪਿੰਡ ਬਨਿਆਲ ਵਿਖੇ 2 ਲੱਖ ਰੁਪਏ ਦਾ ਚੈੱਕ ਭੇਟ ਕਰਦੇ ਹੋਏ ਨਾਲ ਹੋਰ ਸ਼ਖ਼ਸੀਅਤਾਂ। ਤਸਵੀਰ : ਭੁੱਲਰ

# ਵਿਧਾਇਕ ਘੁੰਮਣ ਵਲੋਂ ਪਿੰਡ ਬਨਿਆਲ ਲਈ 2 ਲੱਖ ਦਾ ਚੈੱਕ ਦਿੱਤਾ

ਦਸੂਹਾ, 8 ਦਸੰਬਰ (ਭੁੱਲਰ)- ਵਿਧਾਇਕ ਐਡਵੋਕੇਟ ਕਰਮਵੀਰ ਸਿੰਘ ਘੁੰਮਣ ਵੱਲੋਂ ਪਿੰਡ ਬਨਿਆਲ ਵਿਖੇ 2 ਲੱਖ ਰੁਪਏ ਦਾ ਚੈੱਕ ਭੇਟ ਕੀਤਾ ਗਿਆ। ਉਨ੍ਹਾਂ ਪਿੰਡ ਵਾਸੀਆਂ ਨੂੰ ਕਿਹਾ ਕਿ ਪਿੰਡ ਦੀ ਗਰਾਊਂਡ 'ਚ ਓਪਨ ਜਿੰਮ ਅਤੇ ਝੂਲੇ ਲਗਾਉਣ ਲਈ ਇਹ ਫ਼ੰਡ ਜਾਰੀ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਪਿੰਡ ਦਾ ਵਿਕਾਸ ਕਰਵਾਉਣਾ ਸਰਕਾਰ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਪਿੰਡ ਵਾਸੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਪਿੰਡ ਨੇ ਸਰਬਸੰਮਤੀ ਕਰਕੇ ਸਿਆਣਪ ਦਾ ਸਬੂਤ ਦਿੱਤਾ ਹੈ। ਇਸ ਮੌਕੇ ਪਿੰਡ ਵਾਸੀਆਂ ਨੇ ਉਨ੍ਹਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਕਿਹਾ ਕਿ ਉਹ ਉਨ੍ਹਾਂ ਨਾਲ ਚਟਾਨ ਵਾਂਗ ਖੜੇ ਹਨ। ਇਸ ਮੌਕੇ ਸਰਪੰਚ ਭੁਪਿੰਦਰ ਸਿੰਘ, ਪੰਚ ਨਰਿੰਦਰ ਕੌਰ, ਪਰਮਿੰਦਰ ਕੌਰ, ਪਰਮਜੀਤ ਸਿੰਘ, ਜਗਜੀਤ ਸਿੰਘ, ਮਲਕੀਤ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿਚ ਸ਼ਖ਼ਸੀਅਤਾਂ ਹਾਜ਼ਰ ਸਨ।

# ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਦੇ ਅਹੁਦੇਦਾਰਾਂ ਦੀ ਪਿੰਡ ਝਿੰਗੜ ਕਲਾਂ ਵਿਖੇ ਮੀਟਿੰਗ

ਦਸੂਹਾ, 8 ਦਸੰਬਰ (ਭੁੱਲਰ)- ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਦੇ ਅਹੁਦੇਦਾਰਾਂ ਦੀ ਮੀਟਿੰਗ ਪਿੰਡ ਝਿੰਗੜ ਕਲਾਂ ਵਿਖੇ ਮਾਸਟਰ ਪਰਮਿੰਦਰ ਸਿੰਘ ਪੱਪੂ ਦੇ ਗ੍ਰਹਿ ਵਿਖੇ ਹੋਈ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਮਨਜੀਤ ਸਿੰਘ ਖ਼ਾਨਪੁਰ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਮਨਜੀਤ ਸਿੰਘ ਖ਼ਾਨਪੁਰ ਨੇ ਕਿਹਾ ਕਿ ਦਿੱਲੀ ਨੂੰ ਪੈਦਲ ਜਾ ਰਹੇ ਨਿਹੱਥੇ ਕਿਸਾਨਾਂ 'ਤੇ ਹਰਿਆਣਾ ਸਰਕਾਰ ਵਲੋਂ ਕੇਂਦਰ ਸਰਕਾਰ ਦੀ ਸ਼ਹਿ ਤੇ ਪੁਲਿਸ ਵੱਲੋਂ ਤਸ਼ੱਦਦ ਕਰਨਾ ਹਰਿਆਣਾ ਸਰਕਾਰ ਦੀ ਮਾੜੀ ਮਨਸ਼ਾ ਨੂੰ ਦਰਸਾਉਂਦਾ ਹੈ। ਇਸ ਮੌਕੇ ਕਿਸਾਨੀ ਮਸਲਿਆਂ ਸਬੰਧੀ ਗੰਭੀਰਤਾ ਨਾਲ ਵਿਚਾਰ ਵਟਾਂਦਰਾ ਵੀ ਕੀਤਾ ਗਿਆ। ਇਸ ਮੌਕੇ ਇਕਬਾਲ ਸਿੰਘ ਮਾਂਗਾ, ਅਰਵਿੰਦਰ ਸਿੰਘ, ਤਰਸੇਮ ਸਿੰਘ ਢੱਟ, ਬਿਕਰਮ ਸਿੰਘ, ਦਿਲਬਾਗ ਸਿੰਘ, ਗੁਰਮੀਤ ਸਿੰਘ, ਕੇਵਲ ਸਿੰਘ, ਸੁਖਚੈਨ ਸਿੰਘ, ਸਰਵਣ ਸਿੰਘ, ਦਰਸ਼ਨ ਸਿੰਘ, ਹਰਜਿੰਦਰ ਸਿੰਘ, ਆਸਾ ਸਿੰਘ, ਫਤਿਹ ਸਿੰਘ, ਡਾ. ਗੁਰ ਸੇਵਕ ਸਿੰਘ ਆਦਿ ਸ਼ਾਮਿਲ ਸਨ।

# ਸਮੇਂ ਸਿਰ ਬੱਚਿਆਂ ਦੀ ਦ੍ਰਿਸ਼ਟੀ ਸੰਬੰਧੀ ਸਮੱਸਿਆਵਾਂ 'ਤੇ ਧਿਆਨ ਦੇਣਾ ਜ਼ਰੂਰੀ - ਸੀ.ਜੇ.ਐੱਮ.

## ਰੋਟਰੀ ਕਲੱਬ ਵਲੋਂ 22 ਵਿਦਿਆਰਥੀਆਂ ਨੂੰ ਮੁਫ਼ਤ ਐਨਕਾਂ ਤਕਸੀਮ

ਹੁਸ਼ਿਆਰਪੁਰ, 8 ਦਸੰਬਰ (ਬਲਜਿੰਦਰਪਾਲ ਸਿੰਘ, ਹਰਪ੍ਰੀਤ ਕੌਰ)- ਰੋਟਰੀ ਕਲੱਬ ਹੁਸ਼ਿਆਰਪੁਰ ਮਿਡ ਟਾਊਨ ਨੇ ਸਰਕਾਰੀ ਐਲੀਮੈਂਟਰੀ ਸਕੂਲ ਇਸਲਾਮਾਬਾਦ ਦੇ 22 ਵਿਦਿਆਰਥੀਆਂ ਨੂੰ ਮੁਫ਼ਤ ਐਨਕਾਂ ਪ੍ਰਦਾਨ ਕੀਤੀਆਂ। ਇਹ ਪਹਿਲ ਪ੍ਰੋਜੈਕਟ ਰਿਸਾਈਟ ਵਿਜ਼ਨ ਤਹਿਤ ਕੀਤੀ ਗਈ, ਜਿਸ ਦਾ ਮਕਸਦ ਬੱਚਿਆਂ ਦੀਆਂ ਦ੍ਰਿਸ਼ਟੀ ਸਬੰਧੀ ਸਮੱਸਿਆਵਾਂ ਦੀ ਪਹਿਚਾਣ ਅਤੇ ਹੱਲ ਕਰਕੇ ਉਨ੍ਹਾਂ ਦੇ ਸ਼ਿੱਖਿਆ ਅਤੇ ਨਿੱਜੀ ਵਿਕਾਸ ਨੂੰ ਉਤਸ਼ਾਹਿਤ ਕਰਨਾ ਹੈ। ਇਸ ਮੌਕੇ ਕਰਵਾਏ ਸਮਾਗਮ 'ਚ ਮੁੱਖ ਮਹਿਮਾਨ ਵਜੋਂ ਪਹੁੰਚੇ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਿਟੀ ਦੇ ਸਕੱਤਰ-ਕਮ-ਸੀ.ਜੇ.ਐਮ. ਰਾਜਪਾਲ ਰਾਵਲ ਨੇ ਬੱਚਿਆਂ ਅਤੇ ਮਾਪਿਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਮੇਂ ਸਿਰ ਬੱਚਿਆਂ ਦੀਆਂ ਦ੍ਰਿਸ਼ਟੀ-ਸੰਬੰਧੀ ਸਮੱਸਿਆਵਾਂ ਉੱਤੇ ਧਿਆਨ ਦੇਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਨੇ ਰੋਟਰੀ ਕਲੱਬ ਦੇ ਯਤਨਾਂ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਇਹ ਸਮਾਜ ਲਈ ਇੱਕ ਪ੍ਰੇਰਨਾਦਾਇਕ ਪਹਿਲ ਹੈ। ਰੋਟਰੀ ਕਲੱਬ ਦੇ ਪ੍ਰਧਾਨ ਰੋਟੇਰੀਅਨ ਅਵਤਾਰ ਸਿੰਘ ਨੇ ਦੱਸਿਆ ਕਿ ਪ੍ਰੋਜੈਕਟ ਰਿਸਾਈਟ ਵਿਜ਼ਨ ਦਾ ਮਕਸਦ ਸਿਰਫ਼ ਦ੍ਰਿਸ਼ਟੀ-ਸੁਧਾਰ ਤੱਕ ਸੀਮਿਤ ਨਹੀਂ ਹੈ, ਸਗੋਂ ਸਮਾਜ ਵਿਚ ਜਾਗਰੂਕਤਾ ਫੈਲਾਉਣਾ ਵੀ ਹੈ। ਸਮਾਗਮ ਦੌਰਾਨ ਪ੍ਰੋਜੈਕਟ ਚੇਅਰਮੈਨ ਮਨੋਜ ਓਹਰੀ ਨੇ ਬੱਚਿਆਂ ਅਤੇ ਸਕੂਲ ਸਟਾਫ਼ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦੇ ਵਿਚਾਰ ਜਾਣੇ। ਇਸ ਮੌਕੇ ਰੋਟਰੀ ਕਲੱਬ ਦੇ ਹੋਰ ਅਹੁਦੇਦਾਰ ਅਵਤਾਰ ਸਿੰਘ, ਮਨੋਜ ਓਹਰੀ, ਜਗਮੀਤ ਸਿੰਘ ਸੈਥੀ, ਅਸ਼ੋਕ ਸ਼ਰਮਾ, ਜਸਵੰਤ ਸਿੰਘ ਭੋਗਲ, ਗੋਪਾਲ ਵਾਸੁਦੇਵਾ, ਐਲ. ਐਨ. ਵਰਮਾ ਅਤੇ ਰਜਨੀਸ਼ ਗੁਲਿਆਨੀ ਵੀ ਮੌਜੂਦ ਰਹੇ। ਸਕੂਲ ਮੁਖੀ ਸਤਬੀਰ ਕੌਰ ਅਤੇ ਹੋਰ ਸਟਾਫ ਨੇ ਇਸ ਯਤਨ ਲਈ ਰੋਟਰੀ ਕਲੱਬ ਦਾ ਧੰਨਵਾਦ ਕੀਤਾ।

ਰੋਟਰੀ ਕਲੱਬ ਹੁਸ਼ਿਆਰਪੁਰ ਮਿਡ ਟਾਊਨ ਵਲੋਂ ਵਿਦਿਆਰਥੀਆਂ ਨੂੰ ਮੁਫ਼ਤ ਐਨਕਾਂ ਤਕਸੀਮ ਕਰਨ ਉਪਰੰਤ ਉਨ੍ਹਾਂ ਨਾਲ ਸੀ.ਜੇ.ਐਮ. ਰਾਜਪਾਲ ਰਾਵਲ, ਰੋਟੇਰੀਅਨ ਅਵਤਾਰ ਸਿੰਘ, ਚੇਅਰਮੈਨ ਮਨੋਜ ਓਹਰੀ ਤੇ ਹੋਰ। ਤਸਵੀਰ : ਹਮਸ਼ਾਇਨ ਸਟੂਡੀਓ

ਸਰਕਾਰੀ ਸਕੂਲ ਉੜਮੁੜ ਵਿਖੇ ਨਵੇਂ ਕਮਰੇ ਦੇ ਨਿਰਮਾਣ ਕਾਰਜ ਦਾ ਨੀਂਹ ਪੱਥਰ ਰੱਖਦੇ ਹੋਏ ਵਿਧਾਇਕ ਜਸਵੀਰ ਸਿੰਘ ਰਾਜਾ ਨਾਲ ਹਨ ਡਿਪਟੀ ਡੀ.ਓ ਸੁਖਵਿੰਦਰ ਸਿੰਘ ਤੇ ਹੋਰ। ਤਸਵੀਰ : ਗੁਰਾਇਆ

# ਪੰਜਾਬ ਸਰਕਾਰ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਵਿਸ਼ੇਸ਼ ਉਪਰਾਲੇ ਕਰ ਰਹੀ ਹੈ - ਵਿਧਾਇਕ ਜਸਵੀਰ ਰਾਜਾ

ਟਾਂਡਾ ਉੜਮੁੜ, 8 ਦਸੰਬਰ (ਕੁਲਬੀਰ ਸਿੰਘ ਗੁਰਾਇਆ)- ਪੰਜਾਬ ਸਰਕਾਰ ਸਿੱਖਿਆ ਦੇ ਮਿਆਰ ਨੂੰ ਉੱਚ ਚੁੱਕਣ ਲਈ ਵਿਸ਼ੇਸ਼ ਉਪਰਾਲੇ ਕਰ ਰਹੀ ਹੈ ਬੱਚਿਆਂ ਦੀ ਸਹੂਲਤ ਲਈ ਪੰਜਾਬ ਸਰਕਾਰ ਸਕੂਲਾਂ ਲਈ ਲੱਖਾਂ ਰੁਪਏ ਦੀ ਗਰਾਂਟਾਂ ਦੇ ਰਹੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਵਿਧਾਇਕ ਟਾਂਡਾ ਜਸਵੀਰ ਸਿੰਘ ਰਾਜਾ ਨੇ ਸਰਕਾਰੀ ਐਲੀਮੈਂਟਰੀ ਸਕੂਲ ਲੜਕੀਆਂ ਅਤੇ ਸਰਕਾਰੀ ਐਲੀਮੈਂਟਰੀ ਸਕੂਲ ਲੜਕੇ ਵਿਖੇ ਬਣਨ ਵਾਲੇ ਸਕੂਲ ਦੇ ਨਵੇਂ ਕਮਰਿਆਂ ਦੇ ਨਿਰਮਾਣ ਕਾਰਜ ਦਾ ਨੀਂਹ ਪੱਥਰ ਰੱਖਣ ਮੌਕੇ ਕੀਤਾ। ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀਮੈਂਟਰੀ ਸੁਖਵਿੰਦਰ ਸਿੰਘ ਦੀ ਹਾਜ਼ਰੀ ਵਿਚ ਸਕੂਲ ਹੈੱਡ ਟੀਚਰ ਬਲਜੀਤ ਕੌਰ ਤੇ ਮਨਜੀਤ ਕੌਰ ਦੀ ਅਗਵਾਈ ਵਿਚ ਕਰੀਬ 19 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਨਵੇਂ ਕਮਰਿਆਂ ਦਾ ਨੀਂਹ ਪੱਥਰ ਰੱਖਦੇ ਹੋਏ ਵਿਧਾਇਕ ਰਾਜਾ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਭਗਵੰਤ ਮਾਨ ਦੀ ਯੋਗ ਅਗਵਾਈ ਵਿਚ ਜਿੱਥੇ ਸੂਬੇ ਦੇ ਹਰੇਕ ਖੇਤਰ ਵਿਚ ਵਿਕਾਸ ਹੋਇਆ ਹੈ ਉੱਥੇ ਹੀ ਸਰਕਾਰੀ ਸਕੂਲਾਂ ਵਿਚ ਸਿੱਖਿਆ ਦੇ ਪੱਧਰ ਨੂੰ ਸੁਧਾਰਨ ਲਈ ਸਰਕਾਰ ਵੱਲੋਂ ਕਰੋੜਾਂ ਰੁਪਏ ਖ਼ਰਚ ਕੀਤੇ ਜਾ ਰਹੇ ਹਨ ਤਾਂ ਜੋ ਸਰਕਾਰੀ ਸਕੂਲਾਂ ਵਿਚ ਸਿੱਖਿਆ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਕਿਸੇ ਵੀ ਮੁਸ਼ਕਿਲ ਦਾ ਸਾਹਮਣਾ ਨਾ ਕਰਨਾ ਪਵੇ। ਇਸ ਮੌਕੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਸੁਖਵਿੰਦਰ ਸਿੰਘ ਨੇ ਵਿਧਾਇਕ ਜਸਵੀਰ ਸਿੰਘ ਰਾਜਾ ਗਿੱਲ ਦਾ ਵਿਸ਼ੇਸ਼ ਤੌਰ ਤੇ ਧੰਨਵਾਦ ਕੀਤਾ ਅਤੇ ਸਿੱਖਿਆ ਦੇ ਖੇਤਰ ਵਿਚ ਪਾਏ ਜਾ ਰਹੇ ਯੋਗਦਾਨ ਦੀ ਸ਼ਲਾਘਾ ਕੀਤੀ। ਇਸ ਮੌਕੇ ਉਨ੍ਹਾਂ ਸਮੂਹ ਅਧਿਆਪਕ ਵਰਗ ਨੂੰ ਆਪਣੀ ਪੂਰੀ ਜ਼ਿੰਮੇਵਾਰੀ ਨਿਭਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਬਲਾਕ ਖਿਨ ਮਹਿ ਪ੍ਰਧਾਨ ਕੇਸ਼ਵ ਸਿੰਘ, ਸੰਜੀਵ ਕੁਮਾਰ, ਪ੍ਰਦੀਪ ਬਿਰਲੀ, ਪ੍ਰੇਮ ਪਡਵਾਲ, ਸੋਨੂ ਖੰਨਾ, ਅਮਰਜੀਤ ਸਿੰਘ, ਪਰਵਿੰਦਰ ਸਿੰਘ, ਗੁਰਜੀਤ ਸਿੰਘ, ਗੁਰਦਿਆਲ ਸਿੰਘ, ਦਲਵੀਰ ਸਿੰਘ, ਸਾਹਿਲ ਰਾਣਾ, ਸੰਦੀਪ ਕੁਮਾਰ, ਮਨਪ੍ਰੀਤ ਕੌਰ, ਨਵਦੀਪ ਕੌਰ, ਗੋਲਡੀ ਨਰਵਾਲ, ਰਾਜਨ ਸੋਧੀ, ਬਲਜੀਤ ਸੈਣੀ, ਸੁਰਿੰਦਰ ਭਾਟੀਆ, ਲੇਖ ਰਾਜ ਆਦਿ ਹਾਜ਼ਰ ਸਨ।

# ਗੁਰਦੁਆਰਾ ਸਾਹਿਬ 'ਚ ਚੋਰੀ

ਹੁਸ਼ਿਆਰਪੁਰ, 8 ਦਸੰਬਰ (ਬਲਜਿੰਦਰ